# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 21-03-2024**

- ਭਾਰਤੀ ਚੋਣ ਕਮਿਸ਼ਨ ਨੇ ਫਾਜ਼ਿਲਕਾ, ਪਠਾਨਕੋਟ, ਜਲੰਧਰ ਦਿਹਾਤੀ, ਬਠਿੰਡਾ ਤੇ ਮਾਲੇਰਕੋਟਲਾ ਜ਼ਿਲਿਆਂ ਦੇ SSP ਦਾ ਤੁਰੰਤ ਪ੍ਰਭਾਵ ਨਾਲ ਤਬਾਦਲਾ ਕੀਤਾ।
- ਕਮਿਸ਼ਨ ਨੇ ਹਿਮਾਂਸ਼ੂ ਅਗਰਵਾਲ ਨੂੰ ਜਲੰਧਰ ਤੇ ਵਿਸ਼ੇਸ਼ ਸਾਰੰਗਲ ਨੂੰ ਗੁਰਦਾਸਪੁਰ ਜ਼ਿਲੇ ਦਾ ਡਿਪਟੀ ਕਮਿਸ਼ਨਰ ਨਿਯੁਕਤ ਕੀਤਾ ਏ ।
- ਮੋਗਾ ਦੇ DM ਕਾਲਜ ਵਿਖੇ ਨਹਿਰੂ ਯੁਵਾ ਕੇਂਦਰ ਵਲੋਂ, ਪ੍ਰਸ਼ਾਸ਼ਨ ਤੇ ਸਵੀਪ ਟੀਮ ਦੇ ਸਹਿਯੋਗ ਨਾਲ ''ਗੁਆਂਢ ਯੁਵਾ ਸੰਸਦ'' ਪ੍ਰੋਗਰਾਮ ਦਾ ਆਯੋਜਨ।
- ਇਤਿਹਾਸਕ ਤੇ ਰਵਾਇਤੀ ਹੋਲਾ ਮਹੱਲਾ ਕੀਰਤਪੁਰ ਸਾਹਿਬ ਦੇ ਗੁਰੂਦਵਾਰਾ ਪਾਤਾਲ-ਪੁਰੀ ਸਾਹਿਬ ਤੋਂ ਨਗਾਰਿਆਂ ਤੇ ਚੋਟ ਅਤੇ ਸ਼੍ਰੀ

ਅਖੰਡ ਪਾਠ ਸਾਹਿਬ ਦੀ ਅਰੰਭਤਾ ਨਾਲ ਅੱਜ ਤੜਕਸਾਰ ਸ਼ੁਰੂ ਹੋਇਆ।

-----------------------------------------------------------

ਭਾਰਤੀ ਚੋਣ ਕਮਿਸ਼ਨ ਨੇ ਚਾਰ ਸੂਬਿਆਂ ਗੁਜਰਾਤ, ਪੰਜਾਬ, ਉੜੀਸਾ ਤੇ ਪੱਛਮੀ ਬੰਗਾਲ ਵਿੱਚ ਜ਼ਿਲ੍ਹਾ ਅਧਿਕਾਰੀਆਂ ਅਤੇ ਪੁਲਿਸ ਸੁਪਰਡੈਂਟਾਂ ਵਜੋਂ ਤਾਇਨਾਤ ਗੈਰ-ਕੇਡਰ ਅਧਿਕਾਰੀਆਂ ਦੇ ਤਬਾਦਲਿਆਂ ਦੇ ਹੁਕਮ ਜਾਰੀ ਕੀਤੇ ਨੇ। ਇਹ ਫੈਸਲਾ ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਦੀ ਪ੍ਰਧਾਨਗੀ ਹੇਠ ਚੋਣ ਕਮਿਸ਼ਨਰਾਂ ਗਿਆਨੇਸ਼ ਕੁਮਾਰ ਅਤੇ ਸੁਖਬੀਰ ਸਿੰਘ ਸੰਧੂ ਨਾਲ ਕਮਿਸ਼ਨ ਦੀ ਮੀਟਿੰਗ ਤੋਂ ਬਾਅਦ ਲਿਆ ਗਿਆ ਏ। ਪੰਜਾਬ ਵਿਚ ਪਠਾਨਕੋਟ ਜ਼ਿਲੇ ਦੇ ਐਸ. ਐਸ. ਪੀ. ਦਲਜਿੰਦਰ ਸਿੰਘ, ਫਾਜ਼ਿਲਕਾ ਦੇ ਐਸ. ਐਸ. ਪੀ. ਵਰਿੰਦਰ ਸਿੰਘ ਬਰਾੜ, ਜਲੰਧਰ ਦਿਹਾਤੀ ਦੇ ਐਸ. ਐਸ. ਪੀ. ਮੁਖਵਿੰਦਰ ਸਿੰਘ ਭੁੱਲਰ ਅਤੇ ਮਾਲੇਰਕੋਟਲਾ ਜ਼ਿਲੇ ਦੇ ਐਸ. ਐਸ. ਪੀ. ਹਰਕਮਲਪ੍ਰੀਤ ਸਿੰਘ ਖੱਖ ਨੂੰ ਤਬਦੀਲ ਕਰਨ ਲਈ ਕਿਹਾ ਗਿਆ ਏ। ਕਮਿਸ਼ਨ ਨੇ ਚੁਣੇ ਹੋਏ ਨੁਮਾਇੰਦਿਆਂ ਨਾਲ. ਪਰਿਵਾਰਕ ਸਬੰਧਾਂ ਦੇ ਮੱਦੇਨਜ਼ਰ ਬਠਿੰਡਾ ਜ਼ਿਲੇ

ਦੇ ਐਸ. ਐਸ. ਪੀ. ਹਰਮਨਬੀਰ ਸਿੰਘ ਗਿੱਲ ਦੇ ਤਬਾਦਲੇ ਦੇ ਨਿਰਦੇਸ਼ ਵੀ ਦਿੱਤੇ ਨੇ। ਪ੍ਰਸ਼ਾਸਨ ਵਿੱਚ ਕਿਸੇ ਵੀ ਤਰ੍ਹਾਂ ਦੇ ਪੱਖਪਾਤੀ ਵਤੀਰੇ ਦੀ ਸੰਭਾਵਨਾ ਨੂੰ ਧਿਆਨ ਵਿੱਚ ਰੱਖਦਿਆਂ. ਅਧਿਕਾਰੀਆਂ ਦੇ ਇਹ ਤਬਾਦਲੇ ਕੀਤੇ ਗਏ ਨੇ । ਕਮਿਸ਼ਨ ਨੇ ਸਬੰਧਤ ਸੂਬਿਆਂ ਦੀਆਂ ਸਰਕਾਰਾਂ ਨੂੰ DM ਅਤੇ SP ਵਜੋਂ ਤਾਇਨਾਤ ਨਾਨ-ਕੇਡਰ ਅਧਿਕਾਰੀਆਂ ਦੇ ਤਬਾਦਲੇ ਤੁਰੰਤ ਪ੍ਰਭਾਵ ਨਾਲ ਕਰਨ ਦੇ ਹੁਕਮ ਦਿੱਤੇ ਨੇ।

---

ਇਸ ਦੌਰਾਨ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ, ਨੇ ਚੰਡੀਗੜ੍ਹ ਵਿਚ ਦੱਸਿਆ ਏ ਕਿ ਭਾਰਤੀ ਚੋਣ ਕਮਿਸ਼ਨ ਨੇ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਨੂੰ ਜਲੰਧਰ ਦਾ ਨਵਾਂ ਡਿਪਟੀ ਕਮਿਸ਼ਨਰ ਨਿਯੁਕਤ ਕੀਤਾ ਏ ਜਦਕਿ ਜਲੰਧਰ ਤੋਂ ਤਬਦੀਲ ਵਿਸ਼ੇਸ਼ ਸਾਰੰਗਲ ਨੂੰ ਗੁਰਦਾਸਪੁਰ ਦਾ ਡਿਪਟੀ ਕਮਿਸ਼ਨਰ ਲਗਾਇਆ ਗਿਆ ਏ। ਉਨ੍ਹਾਂ ਅੱਗੇ ਦੱਸਿਆ ਕਿ ਜਗ-ਦਲੇ ਨੀਲਾਂਬਰੀ ਵਿਜੇ ਨੂੰ ਰੋਪੜ ਰੇਂਜ ਦੀ DIG ਅਤੇ ਰਾਕੇਸ਼ ਕੁਮਾਰ ਕੌਸ਼ਲ ਨੂੰ ਬਾਰਡਰ ਰੇਂਜ ਦਾ DIG ਤਇਨਾਤ ਕੀਤਾ ਗਿਆ ਏ।

---------------------------------------------------------------

ਲੋਕ ਸਭਾ ਚੋਣਾਂ ਨੂੰ ਸੁਚਾਰੂ ਢੰਗ ਨਾਲ ਕਰਵਾਉਣ ਸਬੰਧੀ ਫਰੀਦਕੋਟ ਦੇ ਜ਼ਿਲ੍ਹਾ ਚੋਣ ਅਫ਼ਸਰ ਤੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਅੱਜ ਬੈਂਕ ਅਧਿਕਾਰੀਆਂ ਨਾਲ ਇਕ ਮੀਟਿੰਗ ਕਰਕੇ, ਉਨ੍ਹਾਂ ਨੂੰ ਜਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਬੈਂਕ ਕਿਹਾ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਦੇਸ਼ ਭਰ ਵਿਚ ਆਦਰਸ਼ ਚੋਣ ਜ਼ਾਬਤਾ ਲਾਗੂ ਕਰ ਦਿੱਤਾ ਗਿਆ ਏ। ਇਸ ਲਈ ਬੈਂਕਾਂ ਤੋਂ ਨਕਦੀ ਦੀ ਗੈਰ - ਕਾਨੂੰਨੀ ਆਵਾਜਾਈ ਰੋਕਣ ਲਈ ਹੁਣ ਤੋਂ ਹੀ ਸਾਰੇ ਜਰੂਰੀ ਕਦਮ ਚੁੱਕੇ ਜਾਣ। ਉਨ੍ਹਾਂ ਸਮੂਹ ਬੈਂਕ ਮੈਨੇਜਰਾਂ ਨੂੰ ਕਿਸੇ ਕਿਸਮ ਦੇ ਸ਼ੱਕੀ ਪੈਸਿਆਂ ਦੇ ਆਦਾਨ ਪ੍ਰਦਾਨ ਦੌਰਾਨ ਕੀਤੀ ਜਾਣ ਵਾਲੀ ਕਾਰਵਾਈ ਸਬੰਧੀ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਬਾਰੇ ਜਾਣੂ ਕਰਵਾਇਆ। ਇਸ ਤੋਂ ਇਲਾਵਾ ਸਮੂਹ ਬੈਂਕਾਂ ਨੂੰ ਨਕਦ ਰਾਸ਼ੀ ਦੀ ਸਾਫ - ਸੁਥਰੀ ਅਤੇ ਸੁਰੱਖਿਅਤ ਟ੍ਰਾਂਸਪੋਰਟੇਸ਼ਨ ਲਈ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਸਮੂਹ ਬੈਂਕ ਆਪਣੀਆਂ ਬਰਾਂਚਾਂ ਨੂੰ ਪਾਬੰਦ ਕਰਨਗੇ ਕਿ ਉਹ ਉਮੀਦਵਾਰਾਂ ਦੇ ਚੋਣਾਂ ਸਬੰਧੀ ਬੈਂਕ ਖਾਤਿਆਂ ਨੂੰ ਖੋਲ੍ਹਣ ਦੀ ਸਹੂਲਤ

ਪਹਿਲ ਦੇ ਆਧਾਰ ਉੱਪਰ ਮੁਹੱਈਆ ਕਰਾਉਣ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਦੌਰਾਨ ਕਿਸੇ ਰਾਜਨੀਤਿਕ ਪਾਰਟੀ ਜਾਂ ਉਨ੍ਹਾਂ ਦੇ ਰਿਸ਼ਤੇਦਾਰ ਦੇ ਖਾਤੇ ਵਿੱਚੋਂ ਇੱਕ ਲੱਖ ਰੁਪਏ ਤੋਂ ਵੱਧ ਦੀ ਜਮ੍ਹਾਂ ਰੁਪਏ ਜਾਂ ਨਿਕਾਸੀ ਜੋ ਕਿ ਅਸਾਧਾਰਨ ਜਾਂ ਸ਼ੱਕੀ ਲੱਗਦੀ ਹੋਵੇ, ਦੀ ਸੂਚਨਾ ਤੁਰੰਤ ਜ਼ਿਲ੍ਹਾ ਚੋਣ ਦਫ਼ਤਰ ਨੂੰ ਦਿੱਤੀ ਜਾਵੇ।

---------------------------------------------------------------

ਮਾਲੇਰਕੋਟਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਡਾ. ਪੱਲਵੀ ਨੇ ਕਿਹਾ ਕਿ ਲੋਕ ਸਭਾ ਚੋਣਾਂ 2024 ਦੌਰਾਨ ਉਮੀਦਵਾਰਾਂ ਅਤੇ ਸਿਆਸੀ ਪਾਰਟੀਆਂ ਦੇ ਚੋਣ ਖ਼ਰਚ ਤੇ ਚੋਣ ਕਮਿਸ਼ਨ ਦੀ ਤਿੱਖੀ ਨਜ਼ਰ ਰੱਖਣ ਲਈ ਲੋਕ ਪ੍ਰਤੀਨਿਧਤਾ ਐਕਟ 1951 ਦੀ ਧਾਰਾ ਹੇਠ ਜ਼ਿਲ੍ਹਾ ਪੱਧਰੀ ਐਕਸ-ਪੈਂਡੀਚਰ ਟੀਮ ਦਾ ਗਠਨ ਕੀਤਾ ਗਿਆ ਏ। ਉਨ੍ਹਾਂ ਟੀਮ ਮੈਂਬਰਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਪਣੀ ਡਿਊਟੀ ਇਮਾਨਦਾਰੀ ਤੇ ਤਨਦੇਹੀ ਨਾਲ ਬਿਨਾਂ ਕਿਸੇ ਡਰ ਭੈਅ ਦੇ ਨਿਭਾਉਣ। ਉਨ੍ਹਾਂ ਦੱਸਿਆ ਕਿ ਚੋਣ ਖ਼ਰਚਿਆਂ ਦੀ ਨਿਗਰਾਨੀ ਲਈ ਜਿੱਥੇ ਚੋਣ ਕਮਿਸ਼ਨ ਖਰਚਾ ਨਿਗਰਾਨ ਨਿਯੁਕਤ ਕਰੇਗਾ, ਉੱਥੇ ਹੀ ਵਿਧਾਨ ਸਭਾ ਹਲਕਿਆਂ ਵਿਚ

ਸਹਾਇਕ ਖਰਚਾ ਨਿਗਰਾਨ ਵੀ ਤੈਨਾਤ ਹੋਣਗੇ । ਉਨ੍ਹਾਂ ਦੱਸਿਆ ਕਿ ਉਮੀਦਵਾਰਾਂ ਵੱਲੋਂ ਕੀਤੀ ਜਾਣ ਵਾਲੀ ਹਰ ਰੈਲੀ, ਸਭਾ, ਪੋਸਟਰ, ਬੈਨਰ, ਇਸ਼ਤਿਹਾਰਬਾਜ਼ੀ, ਵਾਹਨ ਆਦਿ ਦਾ ਖਰਚਾ ਜੋੜਿਆ ਜਾਵੇਗਾ । ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਦੀ ਨਿਜੀ ਜਾਇਦਾਦ ਤੇ ਮਾਲਕ ਦੀ ਸਹਿਮਤੀ ਤੋਂ ਬਿਨਾਂ, ਸਿਆਸੀ ਇਸ਼ਤਿਹਾਰ ਨਹੀਂ ਲਗਾਏ ਜਾ ਸਕਦੇ ਅਤੇ ਨਾ ਹੀ ਮਾਲਕ ਦੀ ਪ੍ਰਵਾਨਗੀ ਤੋਂ ਬਿਨਾਂ ਕਿਸੇ ਪਾਰਟੀ ਦਾ ਝੰਡਾ ਲਾਇਆ ਜਾ ਸਕੇਗਾ ।

---------------------------------------------------------------

ਭਾਰਤ ਸਰਕਾਰ ਦੇ ਨਹਿਰੂ ਯੁਵਾ ਕੇਂਦਰ ਦੇ ਮੋਗਾ ਯੂਨਿਟ ਵੱਲੋਂ ਜ਼ਿਲ੍ਹਾ ਪ੍ਰਸ਼ਾਸ਼ਨ ਤੇ ਜ਼ਿਲ੍ਹਾ ਸਵੀਪ ਟੀਮ ਦੇ ਸਹਿਯੋਗ ਨਾਲ, ਡੀ ਐੱਮ ਕਾਲਜ ਮੋਗਾ ਵਿਖੇ ''ਗੁਆਂਢ ਯੁਵਾ ਸੰਸਦ'' ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਆਖਿਆ ਕਿ ਲੋਕਤੰਤਰ ਦੀ ਮਜਬੂਤੀ ਲਈ, ਨੌਜਵਾਨਾਂ ਦੀ ਭਾਗੀਦਾਰੀ ਬੇਹੱਦ ਜ਼ਰੂਰੀ ਏ । ਉਨਾਂ ਕਿਹਾ ਕਿ ਗੁਆਂਢ ਯੁਵਾ ਸੰਸਦ ਪ੍ਰੋਗਰਾਮ ਦਾ ਮਕਸਦ, ਪਾਰਲੀਮੈਂਟ ਦੀ

ਤਾਮੀਰ, ਚੋਣਾਂ ਤੇ ਵੋਟਾਂ ਪਾਉਣ ਦੇ ਮਹੱਤਵ ਤੋਂ ਨੌਜਵਾਨਾਂ ਨੂੰ ਜਾਣੂੰ ਕਰਵਾਉਣਾ ਏ । ਉਹਨਾਂ ਕਿਹਾ ਕਿ ਨੌਜਵਾਨ ਅੱਜ ਸਿਰ ਜੋੜ ਕੇ ਬੈਠਣ, ਦੇਸ਼ ਨੂੰ ਦਰਪੇਸ਼ ਸਮੱਸਿਆ ਅਤੇ ਉਨਾਂ ਦੇ ਹੱਲ ਬਾਰੇ ਵਿਚਾਰ ਚਰਚਾ ਕਰਨ ਤਾਂ ਹੀ ਦੇਸ਼ ਨੂੰ ਦੁਨੀਆਂ ਦੇ ਅਵੱਲ ਦੇਸ਼ ਵਜੋਂ ਤਾਮੀਰ ਕੀਤਾ ਜਾ ਸਕੇਗਾ । ਨਹਿਰੂ ਯੁਵਾ ਕੇਂਦਰ ਦੇ ਜ਼ਿਲ੍ਹਾ ਯੂਥ ਅਫਸਰ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਨੌਜਵਾਨਾਂ ਨੇ ਭਾਸ਼ਣ ਮੁਕਾਬਲੇ, ਧਾਰਮਿਕ ਗੀਤ ਅਤੇ ਵੋਟਰ ਜਾਗਰੂਕਤਾ ਕਵਿਤਾਵਾਂ ਦੀ ਪੇਸ਼ਕਾਰੀ ਕੀਤੀ ਜਦਕਿ ਸ਼ਹੀਦ ਭਗਤ ਸਿੰਘ ਕਲਾ ਮੰਚ ਨੇ ਪੰਜਾਬੀ ਨਾਟਕ ''ਪਰਿੰਦੇ ਭਟਕ ਗਏ'' ਦਾ ਸਫ਼ਲ ਮੰਚਨ ਕੀਤਾ । ਨੌਜਵਾਨਾਂ ਨੇ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਵਾਸਤੇ ਨੀਤੀਆਂ ਤਿਆਰ ਕੀਤੀਆਂ ਅਤੇ 'ਮੌਕ ਪਾਰਲੀਮੈਂਟ' ਦਾ ਵੀ ਪ੍ਰਤੀ-ਕਾਤਮਕ ਰੂਪ ਪੇਸ਼ ਕੀਤਾ । ਉਨਾਂ ਕਿਹਾ ਕਿ ਹੁਣ ਵੀ ਨੌਜਵਾਨ ਆਪਣੀ ਵੋਟ ਬਣਾ ਸਕਦੇ ਨੇ ਤਾਂ ਜੋ ਲੋਕ ਸਭਾ ਚੋਣਾਂ 'ਚ ਉਹ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰ ਸਕਣ ।

-------------------------------------------------------------

ਹੋਲੀ ਦੇ ਤਿਓਹਾਰ ਨਾਲ ਜੁੜਿਆ ਇਤਿਹਾਸਕ ਤੇ ਰਵਾਇਤੀ ਮਹੱਲਾ ਅੱਜ ਕੀਰਤਪੁਰ ਸਾਹਿਬ ਦੇ ਗੁਰੂਦਵਾਰਾ ਪਾਤਾਲਪੁਰੀ ਸਾਹਿਬ ਤੋਂ ਸ਼੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਨਾਲ ਸ਼ੁਰੂ ਹੋਇਆ। ਅਰੰਭਤਾ ਮੌਕੇ ਕਿਲ੍ਹਾ ਅਨੰਦਗੜ੍ਹ ਸਾਹਿਬ ਵਿਖੇ ਨਗਾਰਿਆਂ ਤੇ ਚੋਟ ਲਗਾ ਕੇ ਰਵਾਇਤੀ ਰਸਮ ਕੀਤੀ ਗਈ । ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਸਮੇਤ ਹੋਰ ਪਤਵੰਤੇ ਇਸ ਮੌਕੇ ਤੇ ਮੌਜੂਦ ਰਹੇ । ਜ਼ਿਲਾ ਪ੍ਰਸ਼ਾਸਨ ਨੇ ਇਸ ਮੇਲੇ ਲਈ ਸੁਰੱਖਿਆ ਸਮੇਤ ਹੋਰ ਸਖਤ ਇੰਤਜ਼ਾਮ ਕੀਤੇ ਨੇ।

ਵੇਰਵਾ ਇਸ ਰਿਪੋਰਟ ਵਿਚ:

***ਡਿਸਪੈਚ: ਕੀਰਤਪੁਰ ਸਾਹਿਬ ਵਿਖੇ ਤੜਕਸਾਰ ਖਾਲਸਾਈ ਜਾਹੋ ਜਲਾਲ ਨਾਲ ਹੋਲਾ ਮਹੱਲਾ ਦੀ ਸ਼ੁਰੂਆਤ ਗੁਰੂਦਵਾਰਾ ਪਾਤਾਲਪੁਰੀ ਸਾਹਿਬ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਨਾਲ ਹੋਈ। ਅਰਦਾਸ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ***

ਸਾਹਿਬ ਗਿਆਨੀ ਸੁਲਤਾਨ ਸਿੰਘ ਵੱਲੋਂ ਕੀਤੀ ਗਈ । ਵੱਡੀ ਗਿਣਤੀ ਵਿਚ ਸੰਗਤਾਂ ਵੀ ਇਸ ਮੌਕੇ ਤੇ ਮੌਜੂਦ ਰਹੀਆਂ। ਦੇਸ਼ ਵਿਦੇਸ਼ ਤੋਂ ਆ ਰਹੀਆਂ ਸੰਗਤਾਂ ਪੂਰੀ ਸ਼ਰਧਾ ਨਾਲ ਗੁਰੂਦਵਾਰਾ ਸਾਹਿਬ ਵਿਖੇ ਨਤ ਮਸਤਕ ਹੋ ਰਹੀਆਂ ਨੇ ਅਤੇ ਕੀਰਤਪੁਰ ਸਾਹਿਬ ਵਿਖੇ ਖ਼ੂਬ ਰੌਣਕਾਂ ਲੱਗੀਆਂ ਹੋਈਆਂ ਨੇ। ਕੀਰਤਪੁਰ ਸਾਹਿਬ ਦੇ ਇਤਿਹਾਸਕ ਗੁਰੂਘਰਾਂ ਗੁਰੂਦਵਾਰਾ ਪਾਤਾਲਪੁਰੀ ਸਾਹਿਬ ਤੋਂ ਅਲਾਵਾ ਗੁਰੂਦਵਾਰਾ ਬਾਬਾ ਦਿੱਤਾ ਜੀ, ਗੁਰੂਦਵਾਰਾ ਸ਼ੀਸ਼ ਮਹਿਲ, ਗੁਰੂਦਵਾਰਾ ਚਰਨ ਕੰਵਲ, ਗੁਰੂਦਵਾਰਾ ਮੰਜੀ ਸਾਹਿਬ ਅਤੇ ਗੁਰੂਦਵਾਰਾ ਤੀਰ ਸਾਹਿਬ ਵਿਖੇ ਸ਼ਾਨਦਾਰ ਸਜਾਵਟ ਕੀਤੀ ਗਈ ਏ। ਸ਼ਿਰੋਮਣੀ ਗੁਰੂਦਵਾਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਦੀ ਸਹੂਲਤ ਲਈ ਕਈ ਕਦਮ ਚੁਕੇ ਨੇ। ਸੰਗਤਾਂ ਦੇ ਰਹਿਣ ਲਈ ਵਾਟਰਪ੍ਰੂਫ਼ ਟੈਂਟ ਦੀ ਵਿਵਸਥਾ ਕੀਤੀ ਗਈ ਏ। ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਨੌਜਵਾਨਾਂ ਨੂੰ ਖਾਸ ਕਰਕੇ ਅਪੀਲ ਕੀਤੀ ਏ ਕਿ ਉਹ ਮੋਟਰਸਾਈਕਲ ਅਤੇ ਟਰੈਕਟਰਾਂ ਤੇ ਸਟੰਟ ਬਾਜ਼ੀ ਨਾ ਕਰਨ । ਸ਼ਰਧਾ ਸਤਿਕਾਰ ਸਹਿਤ ਕੀਰਤਪੁਰ ਸਾਹਿਬ ਅਤੇ

*ਅਨੰਦਪੁਰ ਸਾਹਿਬ ਵਿਖੇ ਪਹੁੰਚਣ ।ਏਧਰ ਪ੍ਰਸ਼ਾਸਨ ਨੇ ਸੁਰੱਖਿਆ ਪੱਖੋਂ ਵੱਡੀ ਗਿਣਤੀ ਵਿਚ ਪੁਲਿਸ ਅਧਿਕਾਰਿਆਂ ਤੇ ਜਵਾਨਾਂ ਦੀ ਤਾਇਨਾਤੀ ਕੀਤੀ ਏ। ਸਮਾਜ ਵਿਰੋਧੀ ਅਨਸਰਾਂ ਤੇ ਨੇੜਿਓਂ ਨਜ਼ਰ ਰੱਖਣ ਲਈ ਕਈ ਥਾਂਵਾਂ ਤੇ ਸੀ ਸੀ ਟੀ ਵੀ ਕੈਮਰੇ ਲਗਾਏ ਗਏ ਨੇ। ਵਾਹਨਾਂ ਦੀ ਪਾਰਕਿੰਗ ਲਈ ਵੀ ਵਿਸ਼ੇਸ਼ ਥਾਂਵਾਂ ਬਣਾਈਆਂ ਗਈਆਂ ਨੇ। ਹੋਲਾ ਮਹੱਲਾ ਪਹਿਲੇ ਤਿੰਨ ਦਿਨ ਕੀਰਤਪੁਰ ਸਾਹਿਬ ਅਤੇ ਫੇਰ 24 ਤੋਂ 26 ਮਾਰਚ ਤਕ ਅਨੰਦਪੁਰ ਸਾਹਿਬ ਵਿਖੇ ਮਨਾਇਆ ਜਾਵੇਗਾ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

----------------------------------------------------

ਸੰਗਰੂਰ ਜ਼ਿਲ੍ਹੇ ਦੇ ਦਿੜ੍ਹਬਾ ਥਾਣੇ ਅਧੀਨ ਪੈਂਦੇ ਪਿੰਡ ਗੁੱਜਰਾਂ ’ਚ ਜ਼ਹਿਰੀਲੀ ਸ਼ਰਾਬ ਦਾ ਕਹਿਰ ਵੱਧਦਾ ਜਾ ਰਿਹਾ ਏ। ਮੰਗਲਵਾਰ ਰਾਤ ਨੂੰ ਕਥਿਤ ਤੌਰ 'ਤੇ ਨਕਲੀ ਸ਼ਰਾਬ ਪੀਣ ਨਾਲ 5 ਵਿਅਕਤੀਆਂ ਦੀ ਮੌਤ ਹੋ ਗਈ ਸੀ ਪਰ ਹੁਣ ਮਰਨ ਵਾਲਿਆਂ ਦੀ ਗਿਣਤੀ ਵਧ ਕੇ 8 ਹੋ ਗਈ ਏ । ਇਨ੍ਹਾਂ ਵਿਅਕਤੀਆਂ ਨੇ ਪਿੰਡ ਵਿੱਚ ਵਿਕਣ ਵਾਲੀ ਦੇਸੀ ਸ਼ਰਾਬ

ਪੀਤੀ ਸੀ, ਜਿਹੜੀ ਉਨ੍ਹਾਂ ਦੀ ਮੌਤ ਦਾ ਕਾਰਨ ਬਣੀ । ਮਾਮਲੇ ਦੀ ਜਾਂਚ ਲਈ ਐਸ ਆਈ ਟੀ ਦਾ ਗਠਨ ਕੀਤਾ ਗਿਆ ਏ । ਜਾਣਕਾਰੀ ਮੁਤਾਬਿਕ ਪਿੰਡ ਗੁੱਜਰਾਂ ਅਤੇ ਪਿੰਡ ਢੰਡੋਲੀ ਤੋਂ ਕੁੱਲ 17 ਪ੍ਰਭਾਵਤ ਵਿਅਕਤੀ ਸਾਹਮਣੇ ਆਏ ਸਨ । ਪਿੰਡ ਗੁੱਜਰਾਂ ਦੇ 6 ਵਿਅਕਤੀ ਅਤੇ ਨਜ਼ਦੀਕੀ ਪਿੰਡ ਢੰਡੋਲੀ ਦੇ 2 ਵਿਅਕਤੀਆਂ ਦੀ ਮੌਤ ਹੋ ਗਈ ਏ । ਬਾਕੀਆਂ ਦਾ ਸੰਗਰੂਰ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਏ । ਪੁਲਿਸ ਦਾ ਦਾਅਵਾ ਏ ਕਿ ਸਾਰੇ ਸ਼ਰਾਬ ਸਮੱਗਲਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ ।

--------------------------------------------------------

ਏਧਰ BJP ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ, ਸੂਬਾ ਮੀਤ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ, ਗੁੱਜਰਾਂ ਅਤੇ ਢੰਡੋਲੀ ਖ਼ੁਰਦ ਵਿੱਚ ਵਾਪਰੇ ਦਰਦਨਾਕ ਦੁਖਾਂਤ ਵਿੱਚ, ਪੀੜਤ ਪਰਿਵਾਰਾਂ ਨੂੰ ਹਰ ਮਦਦ ਦਾ ਭਰੋਸਾ ਦਿਵਾਇਆ ਤੇ ਕਿਹਾ ਕਿ ਇਹ ਘਟਨਾ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਮਜ਼ੋਰ ਪਕੜ ਦੀ ਨੀਤੀ ਦਾ ਨਤੀਜਾ ਏ । ਉਨ੍ਹਾ ਪਿੰਡ ਦੀ ਸੱਥ ਵਿੱਚ ਇਕੱਤਰ ਹੋਏ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਨੇ ਆਪਣੇ ਜੱਦੀ ਜਿਲੇ ਵਿੱਚ ਅਜਿਹੇ ਖੌਫਨਾਕ ਦੁਖਾਂਤ ਦੇ ਪੀੜ੍ਹਤ ਗਰੀਬ ਅਨੁਸੂਚਿਤ ਜਾਤੀ ਪਰਿਵਾਰਾਂ ਨਾਲ ਹਮਦਰਦੀ ਤੇ

ਮਦਦਗਾਰ ਬਣਨ ਲਈ ਕੋਈ ਸਹਿਯੋਗ ਕਰਨਾ ਵੀ ਯੋਗ ਨਹੀਂ ਸਮਝਿਆ ਏ । ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ BJP ਇਸ ਸ਼ਰਮਨਾਕ ਵਤੀਰੇ ਦੀ ਸਖ਼ਤ ਨਿਖੇਧੀ ਕਰਦੀ ਏ। ਉਨਾਂ ਮੰਗ ਕੀਤੀ ਮਾਮਲੇ ਵਿਚ ਅਨੁਸੂਚਿਤ ਜਾਤੀ ਅੱਤਿਆਚਾਰ ਰੋਕਥਾਮ ਐਕਟ-89 ਦੀ ਧਾਰਾਵਾਂ ਅਧੀਨ ਮਾਮਲਾ ਦਰਜ ਹੋਣਾ ਚਾਹੀਦਾ ਏ।

---------------------------------------------------------------

ਇਸ ਦੌਰਾਨ ਪੰਜਾਬ BJP ਦੇ ਬੁਲਾਰੇ SS ਚੰਨੀ ਨੇ ਮੁੱਖ ਮੰਤਰੀ ਦੇ ਜਿਲੇ ਸੰਗਰੂਰ ਅਤੇ ਵਿੱਤ ਤੇ ਆਬਕਾਰੀ ਮੰਤਰੀ ਹਰਪਾਲ ਸਿੰਘ ਚੀਮਾ ਦੇ ਹਲਕੇ ਵਿੱਚ ਕਥਿਤ ਨਕਲੀ ਜਹਿਰੀਲੀ ਸ਼ਰਾਬ ਨਾਲ ਅੱਠ ਮੌਤਾਂ ਹੋਣ ਦੀ ਘਟਨਾ ਤੇ ਦੁੱਖ ਦਾ ਪ੍ਰਗਟਾਵਾ ਕਰਦੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਰਪਾਲ ਸਿੰਘ ਚੀਮਾ ਨੈਤਿਕ ਜਿੰਮੇਵਾਰੀ ਸਮਝਦੇ ਹੋਏ ਆਪਣੇ ਅਹੁਦੇ ਤੋਂ ਤੁਰੰਤ ਅਸਤੀਫਾ ਦੇਣ। ਲੁਧਿਆਣਾ ਤੋਂ ਅੱਜ ਜਾਰੀ ਇਕ ਬਿਆਨ ਵਿਚ, ਉਨਾਂ ਕਿਹਾ ਕਿ ਇਹ ਘਟਨਾ ਸਰਕਾਰ ਦੀ ਗੈਰ ਕਾਨੂੰਨੀ ਨਸ਼ਿਆਂ ਖਿਲਾਫ ਵੱਡੇ ਵੱਡੇ ਦਾਅਵਿਆਂ ਦੀ ਪੋਲ ਖੋਲਦੀ ਏ। ਉਨਾਂ ਕਿਹਾ ਕਿ ਇਸ ਘਟਨਾ ਲਈ ਇਲਾਕੇ ਦੇ ਸਿਵਲ ਤੇ ਪੁਲਿਸ ਅਫਸਰਾਂ ਦੀ ਗੈਰ ਕਾਨੂੰਨੀ ਨਸ਼ਾ ਤਸਕਰਾਂ ਨਾਲ ਕਥਿਤ

ਮਿਲੀਭੁਗਤ ਸਾਫ ਝਲਕਦੀ ਏ ਅਤੇ ਦੋਸ਼ੀ ਸਰਕਾਰੀ ਮੁਲਾਜ਼ਮਾ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ ।

---

**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**

- ਭਾਰਤੀ ਚੋਣ ਕਮਿਸ਼ਨ ਨੇ ਫਾਜ਼ਿਲਕਾ, ਪਠਾਨਕੋਟ, ਜਲੰਧਰ ਦਿਹਾਤੀ, ਬਠਿੰਡਾ ਤੇ ਮਾਲੇਰਕੋਟਲਾ ਜ਼ਿਲਿਆਂ ਦੇ SSP ਦਾ ਤੁਰੰਤ ਪ੍ਰਭਾਵ ਨਾਲ ਤਬਾਦਲਾ ਕੀਤਾ ।
- ਕਮਿਸ਼ਨ ਨੇ ਹਿਮਾਂਸ਼ੂ ਅਗਰਵਾਲ ਨੂੰ ਜਲੰਧਰ ਤੇ ਵਿਸ਼ੇਸ਼ ਸਾਰੰਗਲ ਨੂੰ ਗੁਰਦਾਸਪੁਰ ਜ਼ਿਲੇ ਦਾ ਡਿਪਟੀ ਕਮਿਸ਼ਨਰ ਨਿਯੁਕਤ ਕੀਤਾ ਏ ।
- ਮੋਗਾ ਦੇ DM ਕਾਲਜ ਵਿਖੇ ਨਹਿਰੂ ਯੁਵਾ ਕੇਂਦਰ ਵਲੋਂ, ਪ੍ਰਸ਼ਾਸ਼ਨ ਤੇ ਸਵੀਪ ਟੀਮ ਦੇ ਸਹਿਯੋਗ ਨਾਲ ''ਗੁਆਂਢ ਯੁਵਾ ਸੰਸਦ'' ਪ੍ਰੋਗਰਾਮ ਦਾ ਆਯੋਜਨ ।
- ਇਤਿਹਾਸਕ ਤੇ ਰਵਾਇਤੀ ਹੋਲਾ ਮਹੱਲਾ ਕੀਰਤਪੁਰ ਸਾਹਿਬ ਦੇ ਗੁਰੂਦਵਾਰਾ ਪਾਤਾਲ-ਪੁਰੀ ਸਾਹਿਬ ਤੋਂ ਨਗਾਰਿਆਂ ਤੇ ਚੋਟ ਅਤੇ ਸ੍ਰੀ

ਅਖੰਡ ਪਾਠ ਸਾਹਿਬ ਦੀ ਅਰੰਭਤਾ ਨਾਲ ਅੱਜ ਤੜਕਸਾਰ ਸ਼ੁਰੂ ਹੋਇਆ।

**ਇਸਦੇ ਨਾਲ ਹੀ ਪ੍ਰਦੇਸ਼ਿਕ ਖਬਰਾਂ ਖਤਮ ਹੋਈਆਂ, ਨਮਸਕਾਰ !**